ਨੰਬਰ. 1130-1131 . ./ਪਾਰਟ/272/61

ਵੱਲੋਂ

ਮਿਤੀ. 03/08/2018

ਮੁੱਖ ਇੰਜੀਨੀਅਰ/ਨਹਿਰਾਂ,
ਜੱਲ ਸਰੋਤ ਵਿਭਾਗ, ਪੰਜਾਬ,
ਚੰਡੀਗੜ੍ਹ।

ਵੱਲ

1. ਨਿਗਰਾਨ ਇੰਜੀਨੀਅਰ,
ਸਰਹੰਦ ਕੈਨਾਲ ਸਰਕਲ,
ਲੁਧਿਆਣਾ।

2. ਨਿਗਰਾਨ ਇੰਜੀਨੀਅਰ,
ਆਈ.ਬੀ. ਸਰਕਲ,
ਪਟਿਆਲਾ।

ਵਿਸ਼ਕਲ ਖ੍ਰੀਫ ਸਮੇਂ ਮਿਤੀ 13-08-2018 ਤੋਂ ਮਿਤੀ 23-10-2018 ਤੱਕ ਸਰਹੰਦ ਕੈਨਾਲ ਸਿਸਟਮ ਦੀਆਂ ਨਹਿਰਾਂ ਦੇ ਚਲਾਉਣ ਦਾ ਸ਼ੋਧਿਆ ਵਾਰੀ ਬੰਦੀ ਪ੍ਰੋਗਰਾਮ।

*******

ਸਰਹੰਦ ਕੈਨਾਲ ਸਿਸਟਮ ਦੀਆਂ ਨਹਿਰਾਂ ਦਾ ਖ੍ਰੀਫ਼ ਸਮੇਂ ਦੌਰਾਨ ਮਿਤੀ 13-08-2018 ਤੋਂ ਮਿਤੀ 23-10-2018 ਤੱਕ ਚਲਾਉਣ ਦਾ ਮੁੱਖ ਇੰਜੀਨੀਅਰ/ਨਹਿਰਾਂ ਜੀ ਵੱਲੋ ਮੰਨਜ਼ੂਰਸ਼ੁਦਾ ਪ੍ਰੋਗਰਾਮ ਤਿਆਰ ਕਰਕੇ ਅਗਲੇਰੀ ਕਾਰਵਾਈ ਹਿੱਤ ਮੁੱਖ ਇੰਜੀਨੀਅਰ/ਨਹਿਰਾਂ ਦੇ ਪਤੱਰ ਨੰ: 415-416 /ਪਾਰਟ /272/61 ਮਿਤੀ 06/04/2018 ਰਾਹੀ ਭੇਜਿਆ ਗਿਆ ਸੀ । ਰੈਵੀਨਿਊ ਮੈਨੂਅਲ ਦੇ ਪੈਰਾ 13.13 ਅਨੁਸਾਰ ਇਸ ਵਾਰੀ ਬੰਦੀ ਪ੍ਰੋਗਰਾਮ ਨੂੰ ਸਾਰੇ ਸਬੰਧਤ ਲੋਕਾਂ ਅਤੇ ਕਾਸ਼ਤਕਾਰਾਂ ਦੀ ਆਮ ਜਾਣਕਾਰੀ ਲਈ ਇਸ ਦਾ ਕਾਫੀ ਪ੍ਰਚਾਰ ਕੀਤਾ ਜਾਵੇ। ਜਦੋਂ ਸਰਹੰਦ ਕੈਨਾਲ ਸਿਸਟਮ ਦੇ ਦੋਹਾਂ ਗਰੁੱਪਾਂ ਦਾ 'ਇੰਨਡੈਂਟ' ਵੱਧ ਹੋਵੇ ਅਤੇ ਪਾਣੀ ਦੀ ਉਪਲੱਭਤਾ ਘੱਟ ਹੋਵੇ ਤਾਂ ਇਸ ਵਾਰੀ ਬੰਦੀ ਪ੍ਰੋਗਰਾਮ ਨੂੰ ਪ੍ਰਚਲੱਤ ਕੀਤਾ ਜਾਵੇ।

ਇੱਥੇ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਇਹੋ ਜਿਹਾ ਵਾਰੀ ਬੰਦੀ ਪ੍ਰੋਗਰਾਮ ਸਾਰੇ ਰਜਬਾਹਿਆਂ ਲਈ ਵੀ ਬਣਾਇਆ ਜਾਵੇ ਅਤੇ ਸਬੰਧਤ ਕਾਰਜਕਾਰੀ ਇੰਜੀਨੀਅਰ ਆਪਣੀ ਨਿਗਰਾਨੀ ਹੇਠ ਇਸ ਨੂੰ ਲਾਗੂ ਕਰਨ, ਤਾਂ ਕਿ ਨਹਿਰ ਦੇ ਪਾਣੀ ਦੀ ਬੇਤਰਤੀਬੀ ਵੰਡ ਬਾਰੇ ਕੋਈ ਸ਼ਿਕਾਇਤ ਨਾ ਆਵੇ। ਇਸ ਗੱਲ ਦਾ ਵੀ ਧਿਆਨ ਰੱਖਿਆ ਜਾਵੇ ਕਿ ਹਰੇਕ ਰਜਬਾਹਾ ਆਪਣੀ ਵਾਰੀ ਮੁਤਾਬਿਕ ਪੂਰੇ 8 ਦਿਨਾਂ ਲਈ ਪੂਰੀ ਸਮਰੱਥਾ ਨਾਲ ਚਲੇ, ਜਦੋਂ ਕਿ ਬਰਾਂਚ/ਨਹਿਰ ਵਿੱਚ ਪਾਣੀ ਦੀ ਉਪਲੱਭਤਾ ਘੱਟ ਹੋਵੇ ਜਾਂ 'ਇਨਡੈਂਟ' ਮੁਤਾਬਿਕ ਨਾ ਚੱਲਦੀ ਹੋਵੇ।

ਇਸ ਵਾਰੀ ਬੰਦੀ ਪ੍ਰੋਗਰਾਮ ਦੀਆਂ ਕਾਪੀਆਂ ਸਾਰੇ ਨਹਿਰੀ ਵਿਸ਼ਰਾਮ ਘਰਾਂ/ਰੈਗੂਲੇਟ ਕਰਨ ਵਾਲੀਆਂ ਥਾਂਵਾਂ/ਮੁੱਖ ਨਹਿਰਾਂ, ਰਜ਼ਬਾਹਿਆਂ ਦੇ ਹੈਡ ਅਤੇ ਪਿੰਡਾਂ ਦੇ ਪੰਚਾਇਤ ਘਰਾਂ ਵਿੱਚ ਲਾਈਆਂ ਜਾਣ ਅਤੇ ਇੱਕ ਇੱਕ ਕਾਪੀ ਸਬੰਧਤ ਪਿੰਡਾਂ ਦੇ ਸਰਪੰਚਾਂ ਨੂੰ ਵੀ ਦਿੱਤੀ ਜਾਵੇ, ਤਾਂ ਕਿ ਕਾਸ਼ਤਕਾਰਾਂ ਨੂੰ ਸਾਲ 2018 ਦੇ ਖ੍ਰੀਫ਼ ਸਮੇਂ ਵਿੱਚ ਪਾਣੀ ਦੀ ਉਪਲਬੱਧਤਾ ਬਾਰੇ ਪੂਰੀ ਜਾਣਕਾਰੀ ਮਿਲ ਸਕੇ।

ਇਹ ਪ੍ਰੋਗਰਾਮ ਨਿਗਰਾਨ ਇੰਜੀਨੀਅਰ ਆਈ.ਬੀ. ਸਰਕਲ,ਪਟਿਆਲਾ ਵਲੋ ਉਠਾਏ ਇਤਰਾਜ ਅਤੇ ਮੁੜ ਕੀਤੀ ਸਿਫਾਰਸ਼ ਨੂੰ ਮੁੱਖ ਰਖਦੇ ਹੋਏ ਤਿਆਰ ਕੀਤਾ ਗਿਆ ਹੈ।

ਜੇਕਰ ਇਸ ਵਾਰੀ ਬੰਦੀ ਪ੍ਰੋਗਰਾਮ ਨੂੰ ਬਦਲਣ ਜਾਂ ਸੋਧਣ ਦੀ ਜ਼ਰੂਰਤ ਮਹਿਸੂਸ ਹੋਵੇ ਤਾਂ ਮੁੱਖ ਇੰਜੀਨੀਅਰ/ਨਹਿਰਾਂ ਨਾਲ ਸਲਾਹ ਮਸ਼ਵਰਾ ਕੀਤਾ ਜਾਵੇ।

ਨੱਥੀ/ਵਾਰੀ ਬੰਦੀ ਪ੍ਰੋਗਰਾਮ

ਕਾਰਜਕਾਰੀ ਇੰਜੀਨੀਅਰ/ਰੈਗੂਲੇਸ਼ਨ,
ਵਾ: ਮੁੱਖ ਇੰਜੀਨੀਅਰ/ਨਹਿਰਾਂ, ਜੱਲ ਸਰੋਤ ਵਿਭਾਗ,
ਪੰਜਾਬ, ਚੰਡੀਗੜ੍ਹ।

ਦੀਆਂ ਚਾਰ ਕਾਪੀਆਂ

Scanned by CamScanner